ਕਲਿਆਨੁ ਮਹਲਾ ੫ ॥ ਪ੍ਰਭੁ ਮੇਰਾ ਅੰਤਰਜਾਮੀ ਜਾਣੁ ॥ ਕਰਿ ਕਿਰਪਾ ਪੂਰਨ ਪਰਮੇਸਰ ਨਿਹਚਲੁ ਸਚੁ ਸਬਦੁ ਨੀਸਾਣੁ ॥੧॥ ਰਹਾਉ ॥ ਹਰਿ ਬਿਨੁ ਆਨ ਨ ਕੋਈ ਸਮਰਥੁ ਤੇਰੀ ਆਸ ਤੇਰਾ ਮਨਿ ਤਾਣੁ ॥ ਸਰਬ ਘਟਾ ਕੇ ਦਾਤੇ ਸੁਆਮੀ ਦੇਹਿ ਸੁ ਪਹਿਰਣੁ ਖਾਣੁ ॥੧॥ ਸੁਰਤਿ ਮਤਿ ਚਤੁਰਾਈ ਸੋਭਾ ਰੂਪੁ ਰੰਗੁ ਧਨੁ ਮਾਣੁ ॥ ਸਰਬ ਸੂਖ ਆਨੰਦ ਨਾਨਕ ਜਪਿ ਰਾਮ ਨਾਮੁ ਕਲਿਆਣੁ ॥੨॥੬॥੯॥ {ਪੰਨਾ 1323}

ਪਦ ਅਰਥ:- ਅੰਤਰਜਾਮੀ—ਹਰੇਕ ਦੇ ਹਿਰਦੇ ਵਿਚ ਪਹੁੰਚ ਜਾਣ ਵਾਲਾ। ਜਾਣੁ—ਜਾਣਨਹਾਰ। ਪਰਮੇਸਰ—ਹੇ ਪਰਮੇਸਰ! ਸਚੁ—ਸਦਾ ਕਾਇਮ ਰਹਿਣ ਵਾਲਾ। ਨੀਸਾਣੁ—ਪਰਵਾਨਾ, ਰਾਹਦਾਰੀ।1। ਰਹਾਉ।

ਸਮਰਥੁ—ਤਾਕਤ ਵਾਲਾ। ਮਨਿ—ਮਨ ਵਿਚ। ਤਾਣੁ—ਸਹਾਰਾ। ਘਟ—ਸਰੀਰ। ਦਾਤੇ—ਹੇ ਦਾਤਾਰ! ਦੇਹਿ—ਜੋ ਕੁਝ ਤੂੰ ਦੇਂਦਾ ਹੈਂ।

ਚਤੁਰਾਈ—ਸਿਆਣਪ। ਮਾਣੁ—ਇੱਜ਼ਤ। ਸਰਬ—ਸਾਰੇ। ਜਪਿ—ਜਪਿਆ ਕਰ। ਕਲਿਆਣੁ—ਸੁਖ।2।

ਅਰਥ:- ਹੇ ਸਰਬ-ਗੁਣ-ਭਰਪੂਰ ਪਰਮੇਸਰ! ਤੂੰ ਮੇਰਾ ਪ੍ਰਭੂ ਹੈਂ, ਤੂੰ ਮੇਰੇ ਦਿਲ ਦੀ ਜਾਣਨ ਵਾਲਾ ਹੈਂ। ਮਿਹਰ ਕਰ, ਮੈਨੂੰ ਸਦਾ ਅਟੱਲ ਕਾਇਮ ਰਹਿਣ ਵਾਲਾ (ਆਪਣੀ ਸਿਫ਼ਤਿ-ਸਾਲਾਹ ਦਾ) ਸ਼ਬਦ (ਬਖ਼ਸ਼। ਤੇਰੇ ਚਰਨਾਂ ਵਿਚ ਪਹੁੰਚਣ ਲਈ ਇਹ ਸ਼ਬਦ ਹੀ ਮੇਰੇ ਵਾਸਤੇ) ਪਰਵਾਨਾ ਹੈ।1। ਰਹਾਉ।

ਹੇ ਸਭ ਜੀਵਾਂ ਨੂੰ ਦਾਤਾਂ ਦੇਣ ਵਾਲੇ ਸੁਆਮੀ! ਖਾਣ ਅਤੇ ਪਹਿਨਣ ਨੂੰ ਜੋ ਕੁਝ ਤੂੰ ਸਾਨੂੰ ਦੇਂਦਾ ਹੈਂ, ਉਹੀ ਅਸੀਂ ਵਰਤਦੇ ਹਾਂ। ਤੈਥੋਂ ਬਿਨਾ, ਹੇ ਹਰੀ! ਕੋਈ ਹੋਰ (ਇਤਨੀ) ਸਮਰਥਾ ਵਾਲਾ ਨਹੀਂ ਹੈ। (ਮੈਨੂੰ ਸਦਾ) ਤੇਰੀ (ਸਹਾਇਤਾ ਦੀ ਹੀ) ਆਸ (ਰਹਿੰਦੀ ਹੈ, ਮੇਰੇ) ਮਨ ਵਿਚ ਤੇਰਾ ਹੀ ਸਹਾਰਾ ਰਹਿੰਦਾ ਹੈ।1।

ਹੇ ਨਾਨਕ! (ਸਦਾ) ਪਰਮਾਤਮਾ ਦਾ ਨਾਮ ਜਪਿਆ ਕਰ, (ਨਾਮ ਜਪਣ ਦੀ ਬਰਕਤਿ ਨਾਲ ਹੀ ਉੱਚੀ) ਸੁਰਤਿ (ਉੱਚੀ) ਮਤਿ, (ਸੁਚੱਜੇ ਜੀਵਨ ਵਾਲੀ) ਸਿਆਣਪ (ਲੋਕ ਪਰਲੋਕ ਦੀ) ਵਡਿਆਈ, (ਸੋਹਣਾ ਆਤਮਕ) ਰੂਪ ਰੰਗ, ਧਨ, ਇੱਜ਼ਤ, ਸਾਰੇ ਸੁਖ, ਆਨੰਦ (ਇਹ ਸਾਰੀਆਂ ਦਾਤਾਂ ਪ੍ਰਾਪਤ ਹੁੰਦੀਆਂ ਹਨ)।2।6।9।